# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 16-06-2025**

ਦੇਸ਼ ਵਿਚ ਜਨਗਣਨਾ ਕਰਵਾਉਣ ਲਈ ਕੇਂਦਰ ਸਰਕਾਰ ਨੇ ਅੱਜ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਏ। ਇਸ ਸਬੰਧ ਵਿਚ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਨੋਟੀਫਿਕੇਸ਼ਨ ਵਿਚ ਕਿਹਾ ਗਿਆ ਏ ਕਿ ਜਨਗਣਨਾ ਪਹਿਲੀ ਮਾਰਚ, 2027 ਤੋਂ ਸ਼ੁਰੂ ਕੀਤੀ ਜਾਵੇਗੀ। ਇਹ ਤਰੀਕ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ, ਜੰਮੂ-ਕਸ਼ਮੀਰ ਦੇ ਬਰਫੀਲੇ ਇਲਾਕਿਆਂ ਅਤੇ ਹਿਮਾਚਲ ਪ੍ਰਦੇਸ਼ ਤੇ ਉੱਤਰਾਖੰਡ 'ਤੇ ਲਾਗੂ ਨਹੀਂ ਹੋਵੇਗੀ।ਨੋਟੀਫਿਕੇਸ਼ਨ ਮੁਤਾਬਕ ਲੱਦਾਖ, ਜੰਮੂ ਅਤੇ ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿਚ ਪਹਿਲੀ ਅਕਤੂਬਰ 2026 ਤੋਂ ਜਨਗਣਨਾ ਸ਼ੁਰੂ ਕੀਤੀ ਜਾਵੇਗੀ। ਇਹ ਭਾਰਤ ਦੀ 16ਵੀਂ ਕੌਮੀ ਜਨਗਣਨਾ ਤੇ ਦੇਸ਼ ਆਜ਼ਾਦ ਹੋਣ ਤੋਂ ਬਾਅਦ ਅੱਠਵੀਂ ਜਨਗਣਨਾ ਹੋਵੇਗੀ।

---------------------------------------------------------------------------------

ਅੰਮ੍ਰਿਤਸਰ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ

ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਿੰਘ ਨੇ ਦੁਨੀਆਂ ਭਰ ਵਿਚ ਵੱਸਦੇ ਸਿੱਖ ਭਾਈਚਾਰੇ ਨੂੰ ਮੁਬਾਰਕਬਾਦ ਦਿੱਤੀ। ਸਥਾਪਨਾ ਦਿਵਸ ਦੇ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਗੁਰਮਤਿ ਸਮਾਗਮ ਕਰਵਾਏ ਗਏ ਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਵੱਡੀ ਗਿਣਤੀ ਵਿਚ ਸੰਗਤ ਅਕਾਲ ਤਖਤ ਸਾਹਿਬ ਤੇ ਨਤਮਸਤਕ ਹੋਣ ਲਈ ਪੁੱਜੀ। ਸੰਗਤ ਨੇ ਦੇਰ ਤੱਕ ਗੁਰਬਾਣੀ ਕੀਰਤਨ ਦਾ ਅਨੰਦ ਮਾਣਿਆ।

---

ਪੰਜਾਬ ਦੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਬਠਿੰਡਾ ਸਥਿਤ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਚ ਸ਼ੁਰੂ ਕੀਤੇ ਗਏ ਦੇਸ਼ ਦੇ ਪਹਿਲੇ ਬੀ.ਟੈਕ ਇਨ ਮਕੈਨੀਕਲ ਇੰਜੀਨੀਅਰਿੰਗ (ਇੰਡਸਟਰੀ ਇੰਟੀਗ੍ਰੇਟਿਡ) ਪ੍ਰੋਗਰਾਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਏ। ਮੰਤਰੀ ਨੇ ਕਿਹਾ ਕਿ ਕਾਉਂਸਲਿੰਗ ਦੇ ਸ਼ੁਰੂਆਤੀ ਗੇੜ ਵਿਚ 7 ਸੀਟਾਂ ਪਹਿਲਾਂ ਹੀ ਭਰੀਆਂ ਜਾ ਚੁੱਕੀਆਂ ਨੇ ਜਦੋਂ ਕਿ ਇਸ ਪ੍ਰੋਗਰਾਮ ਲਈ ਇਸ ਸਾਲ ਸਿਰਫ਼ 30 ਸੀਟਾਂ ਨੇ। ਇਸ ਪ੍ਰੋਗਰਾਮ ਲਈ ਦਾਖਲਾ 15 ਅਗਸਤ, 2025 ਤੱਕ ਖੁੱਲ੍ਹਾ ਰਹੇਗਾ। ਉਨ੍ਹਾਂ ਦੱਸਿਆ ਕਿ ਐਮ.ਆਰ.ਐਸ.ਪੀ.ਟੀ.ਯੂ. ਅਤੇ ਵਿਕਟ੍ਰਰਾ ਟੈਕਨਾਲੋਜੀਸ

ਪ੍ਰਾਇਵੇਟ ਲਿਮਟਿਡ ਫਰੀਦਾਬਾਦ ਦਰਮਿਆਨ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਇਹ 4 ਸਾਲਾਂ ਪ੍ਰੋਗਰਾਮ ਐਮ.ਆਰ.ਐਸ.ਪੀ.ਟੀ.ਯੂ. ਵਿਚ ਪੰਜ ਸਮੈਸਟਰਾਂ ਦੇ ਅਕਾਦਮਿਕ ਕੋਰਸ ਅਤੇ 3 ਸਮੈਸਟਰਾਂ ਦੀ ਉਦਯੋਗਿਕ ਸਿਖਲਾਈ ਉਤੇ ਅਧਾਰਤ ਏ। ਚਾਹਵਾਨ ਵਿਦਿਆਰਥੀ ਅਧਿਕਾਰਤ ਵੈੱਬਸਾਈਟ https://mrsptu.ac.in ਉਤੇ ਆਨਲਾਈਨ ਜਾਣਕਾਰੀ ਪ੍ਰਾਪਤ ਕਰ ਸਕਦੇ ਨੇ।

-----------------------------------------------------------------------

ਕਪੂਰਥਲਾ ਸਥਿਤ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਿਚ ਕੱਲ੍ ਕੁਦਰਤ ਫੋਟੋਗ੍ਰਾਫੀ ਦਿਵਸ ਮਨਾਇਆ ਗਿਆ। ਇਸ ਦੌਰਾਨ ਪੰਛੀਆਂ ਤੇ ਕੁਦਰਤੀ ਦ੍ਰਿਸ਼ਾਂ ਦੀ ਸੁੰਦਰਤਾ ਵਾਲੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਜੰਮੂ ਯੂਨੀਵਰਸਿਟੀ ਦੇ ਪ੍ਰਸਿੱਧ ਕੁਦਰਤ ਪ੍ਰੇਮੀ ਫੋਟੋਗ੍ਰਾਫਰ ਡਾ. ਪਰਮਿਲ ਕੁਮਾਰ ਨੇ ਲਗਾਈ। ਇਸ ਮੌਕੇ ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਕਿਹਾ ਕਿ ਫੋਟੋਗ੍ਰਾਫੀ ਸ਼ਕਤੀਸ਼ਾਲੀ ਕਲਾਤਮਕ ਮਾਧਿਅਮ ਹੈ ਜਿਹੜਾ ਕਿ ਸਾਨੂੰ ਕੁਦਰਤੀ ਸੰਸਾਰ ਦੀ ਸ਼ਾਨ ਤੇ ਨਜਾਕਤ ਨੂੰ ਮਾਣਨ ਦੇ ਯੋਗ ਬਣਾਉਂਦਾ ਏ।

-----------------------------------------------------------------------

’ਯੁੱਧ ਨਸ਼ਿਆਂ ਵਿਰੁੱਧ’ ਦੌਰਾਨ ਕੱਲ੍ਹ ਲੁਧਿਆਣਾ ਵਿਚ ਦੋ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਢਾਹ ਦਿੱਤਾ ਗਿਆ ਏ। ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪਹਿਲੇ ਆਪਰੇਸ਼ਨ ਦੌਰਾਨ, ਲੁਧਿਆਣਾ ਦੇ ਅਮਰਪੁਰਾ ਦੀ ਗਲੀ ਨੰਬਰ 2 ਵਿਚ ਸਥਿਤ ਨਸ਼ਾ ਤਸਕਰ ਗੁਰਪਾਲ ਦੇ ਘਰ ’ਤੇ ਬੁਲਡੋਜ਼ਰ ਚਲਾਇਆ ਗਿਆ ਏ। ਮੁਲਜ਼ਮ ਗੁਰਪਾਲ ਵਿਰੁੱਧ ਵੱਖ-ਵੱਖ ਥਾਣਿਆਂ ਵਿਚ 9 ਅਪਰਾਧਿਕ ਮਾਮਲੇ ਦਰਜ ਨੇ। ਇਹ ਮੁਲਜ਼ਮ 2014 ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰ ਰਿਹਾ ਸੀ ਤੇ ਕੁਝ ਸਮਾਂ ਪਹਿਲਾਂ ਹਿਮਾਚਲ ਪ੍ਰਦੇਸ਼ ਭੱਜ ਗਿਆ ਸੀ। ਦੂਜੀ ਕਾਰਵਾਈ ਦੌਰਾਨ, ਲੁਧਿਆਣਾ ਦੇ ਲੋਹਾਰਾ ਪਿੰਡ ਦੇ ਹੀਰੋ ਸੁਮਨ ਨਗਰ ਦੀ ਗਲੀ ਨੰਬਰ 9 ਵਿਖੇ ਸਥਿਤ ਮਹਿਲਾ ਨਸ਼ਾ ਤਸਕਰ ਰਜਿੰਦਰ ਕੌਰ ਰੋਜ਼ੀ ਦੇ ਘਰ ਨੂੰ ਬੁਲਡੋਜ਼ਰ ਨਾਲ ਢਾਹ ਦਿੱਤਾ ਗਿਆ। ਮੁਲਜ਼ਮ ਰਜਿੰਦਰ ਰੋਜ਼ੀ ਵਿਰੁੱਧ ਨਸ਼ਿਆਂ ਦੀ ਰੋਕਥਾਮ ਸਬੰਧੀ ਕਾਨੂੰਨ ਤਹਿਤ ਦੋ ਅਪਰਾਧਿਕ ਮਾਮਲੇ ਦਰਜ ਨੇ ਤੇ ਉਹ ਇਸ ਸਮੇਂ ਜੇਲ੍ਹ ਵਿਚ ਬੰਦ ਏ।

------------------------------------------------------------------------------

ਜਲੰਧਰ ਵਿਚ ਰਾਤ ਸਮੇਂ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਕੁਝ ਅਹਿਮ ਕਦਮ ਚੁੱਕੇ ਨੇ। ਇਸ ਲਈ 46 ਥਾਈਂ ਨਾਕੇ ਲਗਾਏ ਗਏ ਨੇ 23 ਸਰਗਰਮ ਪੁਲਿਸ ਪੈਟਰੋਲਿੰਗ ਟੀਮਾਂ

ਰਾਹੀਂ ਨਿਗਰਾਨੀ ਮੁਹਿੰਮ ਸ਼ੁਰੂ ਕੀਤੀ ਗਈ ਏ। ਇਸ ਸਬੰਧ ਵਿਚ ਜਲੰਧਰ ਦੀ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਰਾਤ ਵੇਲੇ ਜਲੰਧਰ ਦੀਆਂ ਵੱਖ-ਵੱਖ ਥਾਵਾਂ ’ਤੇ 46 ਰੋਟੇਟਿੰਗ ਨਾਕੇ ਸਥਾਪਤ ਕੀਤੇ ਜਾਂਦੇ ਨੇ। ਇਸ ਤੋਂ ਇਲਾਵਾ 23 ਪੈਟਰੋਲਿੰਗ ਵਾਹਨ ਕਿਸੇ ਵੀ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਲਗਾਤਾਰ ਦੌਰੇ ’ਤੇ ਰਹਿੰਦੇ ਨੇ। ਉਨ੍ਹਾਂ ਦੱਸਿਆ ਕਿ 60 ਤੋਂ ਵੱਧ ਨਾਨ- ਗਜ਼ਟਿਡ ਅਫ਼ਸਰ (ਐਨ.ਜੀ.ਓਜ਼) ਦੇ ਨਾਲ, ਗਜ਼ਟਿਡ ਅਫ਼ਸਰਾਂ ਅਤੇ ਐਸ.ਐਚ.ਓਜ਼ ਨੂੰ ਪੂਰੀ ਰਾਤ ਨਿਗਰਾਨੀ ਮੁਹਿੰਮ ਲਈ ਤਾਇਨਾਤ ਕੀਤਾ ਗਿਆ ਏ।